# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

**13:10 Pm**

**ਮਿਤੀ: 27-10-2024**

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ 'ਡਿਜੀਟਲ ਅਰੈਸਟ' ਦੇ ਨਾਂ 'ਤੇ ਹੋ ਰਹੀ ਧੋਖਾਧੜੀ 'ਤੇ ਚਿੰਤਾ ਜ਼ਾਹਰ ਕੀਤੀ ਏ। ਅੱਜ ਆਕਾਸ਼ਵਾਣੀ 'ਤੇ ਆਪਣੇ ਮਨ ਕੀ ਬਾਤ ਪ੍ਰੋਗਰਾਮ ਵਿੱਚ, ਦੇਸ਼ ਵਿਦੇਸ਼ ਵਿਚ ਲੋਕਾਂ ਨਾਲ ਆਪਣੇ ਵਿਚਾਰ ਸਾਂਝੇ ਕਰਦਿਆਂ, ਪ੍ਰਧਾਨ ਮੰਤਰੀ ਨੇ ਜ਼ਿਕਰ ਕੀਤਾ ਕਿ ਸਾਰੀਆਂ ਜਾਂਚ ਏਜੰਸੀਆਂ, ਡਿਜੀਟਲ ਅਰੈਸਟ' ਦੇ ਨਾਮ 'ਤੇ ਹੋ ਰਹੀ ਅਜਿਹੀ ਧੋਖਾਧੜੀ ਨਾਲ ਨਜਿੱਠਣ ਲਈ, ਸੂਬਾ ਸਰਕਾਰਾਂ ਨਾਲ ਮਿਲ ਕੇ ਕੰਮ ਕਰ ਰਹੀਆਂ ਨੇ। ਉਨ੍ਹਾਂ ਦੁਹਰਾਇਆ ਕਿ ਕਾਨੂੰਨ ਤਹਿਤ, ਡਿਜੀਟਲ ਅਰੈਸਟ' ਦੀ ਕੋਈ ਵਿਵਸਥਾ ਨਹੀਂ ਏ। BYTE ਉਨ੍ਹਾਂ ਕਿਹਾ ਡਿਜੀਟਲ ਅਰੇਸਟ ਫੋਨ ਕਾਲਾਂ ਦੇ ਧੋਖੇਬਾਜ਼ ਪੁਲਿਸ, ਸੀ.ਬੀ.ਆਈ ਜਾਂ ਨਾਰਕੋਟਿਕਸ ਅਫਸਰ ਹੋਣ ਦਾ ਦਿਖਾਵਾ ਕਰਦਿਆਂ ਪੀੜਤਾਂ ਦੀ ਨਿੱਜੀ ਜਾਣਕਾਰੀ ਇਕੱਠੀ ਕਰਦੇ ਨੇ ਅਤੇ ਡਰ

ਦਾ ਮਾਹੌਲ ਪੈਦਾ ਕਰਦੇ ਨੇ। ਪ੍ਰਧਾਨ ਮੰਤਰੀ ਨੇ ਕਿਹਾ ਕਿ ਹਰ ਉਮਰ ਵਰਗ ਦੇ ਲੋਕ ਡਿਜ਼ੀਟਲ ਗ੍ਰਿਫਤਾਰੀ ਦਾ ਸ਼ਿਕਾਰ ਹੋਏ ਹਨ, ਉਨ੍ਹਾਂ ਨੂੰ ਡਰ ਦੇ ਮਾਰੇ ਲੱਖਾਂ ਰੁਪਏ ਦਾ ਨੁਕਸਾਨ ਹੋਇਆ ਏ। ਉਨ੍ਹਾਂ ਲੋਕਾਂ ਨੂੰ ਅਪੀਲ ਕੀਤੀ ਕਿ ਉਹ, ਅਜਿਹੀਆਂ ਧੋਖਾਧੜੀ ਵਾਲੀਆਂ ਕਾਲਾਂ ਆਉਣ 'ਤੇ ਨਾ ਘਬਰਾਉਣ। ਉਨ੍ਹਾਂ ਲੋਕਾਂ ਨੂੰ ਜਾਗਰੂਕ ਕੀਤਾ ਕਿ ਜਾਂਚ ਏਜੰਸੀਆਂ ਕਦੇ ਵੀ ਫੋਨ ਜਾਂ ਵੀਡੀਓ ਕਾਲਾਂ ਰਾਹੀਂ ਪੁੱਛ-ਗਿੱਛ ਨਹੀਂ ਕਰਦੀਆਂ। ਸ਼੍ਰੀਮਾਨ ਮੋਦੀ ਨੇ ਡਿਜੀਟਲ ਸੁਰੱਖਿਆ ਦੇ ਤਿੰਨ ਕਦਮ - 'ਰੋਕੋ - ਸੋਚੋ - ਕਾਰਵਾਈ ਕਰੋ ਬਾਰੇ ਵੀ ਦਸਿਆ। ਉਨ੍ਹਾਂ ਲੋਕਾਂ ਨੂੰ ਸ਼ਾਂਤ ਰਹਿਣ ਅਤੇ ਆਪਣੀ ਨਿੱਜੀ ਜਾਣਕਾਰੀ ਕਦੇ ਵੀ ਕਿਸੇ ਨੂੰ ਨਾ ਦੇਣ ਦੀ ਸਲਾਹ ਦਿੱਤੀ। ਪ੍ਰਧਾਨ ਮੰਤਰੀ ਨੇ ਲੋਕਾਂ ਨੂੰ ਰਾਸ਼ਟਰੀ ਸਾਈਬਰ ਹੈਲਪਲਾਈਨ 1930 'ਤੇ ਡਾਇਲ ਕਰਨ ਅਤੇ ਅਜਿਹੀਆਂ ਘਟਨਾਵਾਂ ਦੀ cybercrime.gov.in 'ਤੇ ਰਿਪੋਰਟ ਕਰਨ ਦੀ ਸਲਾਹ ਦਿੱਤੀ। ਉਨ੍ਹਾਂ ਕਿਹਾ ਕਿ ਉਹ, ਪਰਿਵਾਰ ਅਤੇ ਪੁਲਿਸ ਨੂੰ ਸੂਚਿਤ ਕਰਨ ਅਤੇ ਸਬੂਤ ਸੁਰੱਖਿਅਤ ਰੱਖਣ। ਸ੍ਰੀ ਮੋਦੀ ਨੇ ਕਿਹਾ ਕਿ ਇਹ ਤਿੰਨ ਕਦਮ ਹਰ ਕਿਸੇ ਦੀ ਡਿਜੀਟਲ ਸੁਰੱਖਿਆ ਦੀ ਰੱਖਿਆ ਕਰਨਗੇ।

ਪ੍ਰਧਾਨ ਮੰਤਰੀ ਨੇ ਅਜਿਹੇ ਸਾਈਬਰ ਧੋਖਾਧੜੀ ਦੇ ਪੀੜਤਾਂ ਨੂੰ ਇਸ ਬਾਰੇ ਲੋਕਾਂ ਵਿੱਚ ਜਾਗਰੂਕਤਾ ਪੈਦਾ ਕਰਨ ਲਈ ਕਿਹਾ। ਉਹ ਜਾਗਰੂਕਤਾ ਲਈ #SafeDigitalIndia ਦੀ ਵਰਤੋਂ ਕਰ ਸਕਦੇ ਨੇ । ਉਨ੍ਹਾਂ ਸਕੂਲਾਂ ਅਤੇ ਕਾਲਜਾਂ ਨੂੰ ਵੀ ਸਾਈਬਰ ਘੁਟਾਲਿਆਂ ਵਿਰੁੱਧ ਵਿੱਢੀ ਮੁਹਿੰਮ ਵਿੱਚ ਵਿਦਿਆਰਥੀਆਂ ਨੂੰ ਸ਼ਾਮਲ ਕਰਨ ਦੀ ਅਪੀਲ ਕੀਤੀ। ਕੱਲ੍ਹ 'ਵਿਸ਼ਵ ਐਨੀਮੇਸ਼ਨ ਦਿਵਸ' ਮਨਾਇਆ ਜਾ ਰਿਹਾ ਏ । ਸ਼੍ਰੀ ਮੋਦੀ ਨੇ ਜ਼ਿਕਰ ਕੀਤਾ ਕਿ ਭਾਰਤ ਐਨੀਮੇਸ਼ਨ ਦੀ ਦੁਨੀਆ ਵਿੱਚ ਇੱਕ ਨਵੀਂ ਕ੍ਰਾਂਤੀ ਦੀ ਸ਼ੁਰੂਆਤ ਕਰਨ ਦੇ ਰਾਹ 'ਤੇ ਏ । ਉਨ੍ਹਾਂ ਲੋਕਾਂ ਨੂੰ ਭਾਰਤ ਨੂੰ ਆਲਮੀ ਐਨੀਮੇਸ਼ਨ ਪਾਵਰ ਹਾਊਸ ਬਣਾਉਣ ਦਾ ਸੰਕਲਪ ਲੈਣ ਦੀ ਅਪੀਲ ਕੀਤੀ । ਪ੍ਰਧਾਨ ਮੰਤਰੀ ਖੁਸ਼ੀ ਪ੍ਰਗਟ ਕੀਤੀ ਕਿ ਆਤਮ-ਨਿਰਭਰ ਭਾਰਤ ਅਭਿਆਨ, ਸਫਲ ਰਿਹਾ ਏ ਅਤੇ ਇਹ ਮੁਹਿੰਮ ਰਾਸ਼ਟਰ ਦੀ ਸਮੂਹਿਕ ਚੇਤਨਾ ਦਾ ਹਿੱਸਾ ਬਣ ਗਈ ਏ । ਪ੍ਰਧਾਨ ਮੰਤਰੀ ਨੇ ਸਰੋਤਿਆਂ ਨੂੰ, ਸੋਸ਼ਲ ਮੀਡੀਆ 'ਤੇ ਨਵੀਨਤਾਵਾਂ ਅਤੇ ਆਤਮ-ਨਿਰਭਰ ਭਾਰਤ ਦੀਆਂ ਉਦਾਹਰਣਾਂ ਸਾਂਝੀਆਂ ਕਰਨ ਦੀ ਅਪੀਲ ਕੀਤੀ । ਉਨ੍ਹਾਂ ਲੋਕਾਂ ਨੂੰ ਤਿਓਹਾਰਾਂ ਦੇ ਇਸ ਸੀਜ਼ਨ ਦੌਰਾਨ

'ਵੋਕਲ ਫਾਰ ਲੋਕਲ' ਦੇ ਮੰਤਰ ਨਾਲ ਖਰੀਦਦਾਰੀ ਕਰਨ ਦਾ ਸੱਦਾ ਦਿੱਤਾ I ਪ੍ਰਧਾਨ ਮੰਤਰੀ ਨੇ 'ਫਿਟ ਇੰਡੀਆ' ਦੇ ਵਿਸ਼ੇ 'ਤੇ ਵੀ ਚਰਚਾ ਕਰਦਿਆਂ, ਤਸੱਲੀ ਪ੍ਰਗਟਾਈ ਕਿ ਭਾਰਤ ਵਿੱਚ ਲੋਕ, ਫਿਟਨੈਸ ਨੂੰ ਲੈ ਕੇ ਜ਼ਿਆਦਾ ਜਾਗਰੂਕ ਹੋ ਰਹੇ ਨੇ। ਉਨ੍ਹਾਂ ਜ਼ਿਕਰ ਕੀਤਾ ਕਿ ਫਿਟ ਇੰਡੀਆ ਦੀ ਇਹ ਭਾਵਨਾ ਹੁਣ ਇੱਕ ਜਨ ਅੰਦੋਲਨ ਬਣ ਰਹੀ ਏ। ਉਨ੍ਹਾਂ ਲੋਕਾਂ ਨੂੰ "ਹੈਸ਼ਟੈਗ ਫਿਟ ਇੰਡੀਆ" ਦੀ ਵਰਤੋਂ ਕਰਕੇ, ਸੋਸ਼ਲ ਮੀਡੀਆ 'ਤੇ ਆਪਣੀ ਫਿਟਨੈਸ ਰੁਟੀਨ ਨੂੰ ਸਾਂਝਾ ਕਰਨ ਲਈ ਕਿਹਾ। ਸ੍ਰੀ ਮੋਦੀ ਨੇ 29 ਅਕਤੂਬਰ ਨੂੰ ‘ਰਨ ਫਾਰ ਯੂਨਿਟੀ’ ਵਿਚ ਲੋਕਾਂ ਨੂੰ ਵੱਧ ਤੋਂ ਵੱਧ ਗਿਣਤੀ 'ਚ ਸ਼ਮੂਲੀਅਤ ਕਰਨ ਦੀ ਅਪੀਲ ਕੀਤੀ। ਪ੍ਰਧਾਨ ਮੰਤਰੀ ਮੋਦੀ ਨੇ - ਧਨਤੇਰਸ, ਦੀਵਾਲੀ, ਛਠ ਪੂਜਾ ਅਤੇ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਪੁਰਬ ਸਮੇਤ ਆਉਣ ਵਾਲੇ ਹੋਰਨਾਂ ਤਿਉਹਾਰਾਂ ਦੀਆਂ ਦੇਸ਼ਵਾਸੀਆਂ ਨੂੰ ਆਪਣੀਆਂ ਸ਼ੁਭਕਾਮਨਾਵਾਂ ਦਿੱਤੀਆਂ।

---------------------------------------------------------

ਪੰਜਾਬ ਪੁਲਿਸ ਨੇ ਕੱਲ ਦੇਰ ਰਾਤ ਪਾਕਿਸਤਾਨ ਸਥਿਤ ਤਸਕਰੀ ਰੈਕੇਟ ਦਾ ਪਰਦਾਫਾਸ਼ ਕਰਦਿਆਂ, ਸੂਬੇ ਵਿੱਚ 105 ਕਿਲੋਗ੍ਰਾਮ ਹੈਰੋਇਨ

ਦੀ ਸਭ ਤੋਂ ਵੱਡੀ ਖੇਪ ਬਰਾਮਦ ਕੀਤੀ ਏ । ਪੁਲਿਸ ਦੇ ਕਾਊਂਟਰ ਇੰਟੈਲੀਜੈਂਸ ਵਿੰਗ ਨੇ, ਅੰਮ੍ਰਿਤਸਰ ਤੋਂ 2 ਵਿਅਕਤੀਆਂ ਨੂੰ ਗ੍ਰਿਫਤਾਰ ਕਰਕੇ, ਹੈਰੋਇਨ ,ਕਰੀਬ 32 ਕਿਲੋ ਕੈਫੀਨ ਤੇ ਹੋਰ ਨਸ਼ੀਲੇ ਪਦਾਰਥ ਤੇ 6 ਪਿਸਤੌਲਾਂ ਜ਼ਬਤ ਕੀਤੀਆਂ ਨੇ । ਪੰਜਾਬ ਪੁਲਿਸ ਮੁਖੀ ਗੌਰਵ ਯਾਦਵ ਨੇ ਸੋਸ਼ਲ ਮੀਡੀਆ ਪੋਸਟ 'ਚ ਦੱਸਿਆ ਕਿ ਇਸ ਮਾਮਲੇ 'ਚ ਤਸਕਰ ਪਾਕਿਸਤਾਨ ਤੋਂ ਰਬੜ ਦੇ ਟਾਇਰਾਂ 'ਚ ਨਸ਼ੀਲੇ ਪਦਾਰਥਾਂ ਦੀ ਢੋਆ-ਢੁਆਈ ਲਈ, ਜਲ ਮਾਰਗ ਦੀ ਵਰਤੋਂ ਕਰਦੇ ਸਨ । ਉਨ੍ਹਾਂ ਦੱਸਿਆ ਕਿ ਖੁਫੀਆ ਸੂਚਨਾ 'ਤੇ ਆਧਾਰਿਤ ਕਾਰਵਾਈ ਦੌਰਾਨ, ਵਿਦੇਸ਼ੀ ਮੂਲ ਦੇ ਨਸ਼ਾ ਤਸਕਰ ਦੇ ਦੋ ਸਾਥੀਆਂ ਨੂੰ ਗ੍ਰਿਫਤਾਰ ਕੀਤਾ ਗਿਆ ਏ । ਗ੍ਰਿਫ਼ਤਾਰ ਕੀਤੇ ਗਏ ਵਿਅਕਤੀਆਂ ਦੀ ਪਛਾਣ ਨਵਜੋਤ ਸਿੰਘ ਅਤੇ ਲਵਪ੍ਰੀਤ ਕੁਮਾਰ ਵਜੋਂ ਹੋਈ ਏ । ਸਾਡੇ ਜਲੰਧਰ ਵਾਲੇ ਪੱਤਰਕਾਰ ਨੇ ਪੁਲਿਸ ਸੂਤਰਾਂ ਦੇ ਹਵਾਲੇ ਨਾਲ ਦੱਸਿਆ ਏ ਕਿ ਡਰੱਗ ਕਾਰਟੇਲ ਵਿੱਚ ਸ਼ਾਮਲ ਹੋਰ ਵਿਅਕਤੀਆਂ ਨੂੰ ਗ੍ਰਿਫਤਾਰ ਕਰਨ ਲਈ, ਅਗਲੇ ਪਿਛਲੇ ਸੰਬੰਧਾਂ ਦਾ ਪਤਾ ਲਾਉਣ ਲਈ ਜਾਂਚ ਕੀਤੀ ਜਾ ਰਹੀ ਏ ।

---------------------------------------------------

ਭਾਰਤ ਸਰਕਾਰ ਦੇ ਉੱਚ ਸਿੱਖਿਆ ਵਿਭਾਗ ਦੇ ਸਕੱਤਰ ਕੇ. ਸੰਜੇ ਮੂਰਤੀ ਦੀ ਪੰਜਾਬ ਕੇਂਦਰੀ ਯੂਨੀਵਰਸਿਟੀ, ਬਠਿੰਡਾ ਦੇ ਦੌਰੇ ਦੇ ਦੂਜੇ ਦਿਨ, ਯੂਨੀਵਰਸਿਟੀ ਕੈਂਪਸ ਵਿਖੇ ਉੱਚ ਸਿੱਖਿਆ ਵਿਭਾਗ ਦੇ ਸਕੱਤਰ ਅਤੇ ਸੂਬੇ ਦੀਆਂ 12 ਪ੍ਰਮੁੱਖ ਉੱਚ ਸਿੱਖਿਆ ਸੰਸਥਾਵਾਂ ਦੇ ਨੁਮਾਇਦਿਆਂ ਦੇ ਨਾਲ ਇੱਕ ਗੋਲ ਮੇਜ਼ ਸੰਵਾਦ ਸੈਸ਼ਨ ਕਰਵਾਇਆ ਗਿਆ । ਇਸ ਸੈਸ਼ਨ ਦਾ ਮੁੱਖ ਉਦੇਸ਼, ਪੰਜਾਬ ਦੀਆਂ ਉੱਚ ਸਿੱਖਿਆ ਸੰਸਥਾਵਾਂ ਵਿੱਚ ਰਾਸ਼ਟਰੀ ਸਿੱਖਿਆ ਨੀਤੀ 2020 ਦੇ ਸੁਧਾਰਾਂ ਨੂੰ, ਪ੍ਰਭਾਵਸ਼ਾਲੀ ਢੰਗ ਨਾਲ ਲਾਗੂ ਕਰਨ ਲਈ, ਇੱਕ ਖਾਕਾ ਤਿਆਰ ਕਰਨਾ ਸੀ। ਕੇ. ਸੰਜੇ ਮੂਰਤੀ ਨੇ ਆਪਣੇ ਸੰਬੋਧਨ ਵਿੱਚ ਪੰਜਾਬ ਦੇ ਉੱਚ ਸਿੱਖਿਆ ਸੰਸਥਾਵਾਂ ਨੂੰ ਵਿਦਿਆਰਥੀਆਂ ਦੇ ਸਰਵਾਂਗੀਣ ਵਿਕਾਸ, ਉੱਦਮਤਾ ਅਤੇ ਅਧਿਐਨ ਨੂੰ ਉਤਸ਼ਾਹਿਤ ਕਰਨ ਲਈ, ਰਾਸ਼ਟਰੀ ਸਿੱਖਿਆ ਨੀਤੀ 2020 ਦੇ ਸੁਧਾਰਾਂ ਜਿਵੇਂ ਕਿ ਬਹੁ-ਵਿਸ਼ਿਆਕ ਸਿੱਖਿਆ, , ਦਾਖਲੇ ਅਤੇ ਐਗਜ਼ਿਟ ਵਿਕਲਪਾਂ ਨੂੰ ਅਪਣਾਉਣ ਦੀ ਅਪੀਲ ਕੀਤੀ । ਸ਼੍ਰੀ ਮੂਰਤੀ ਨੇ ਐਨ.ਆਈ.ਟੀ ਜਲੰਧਰ ਦੁਆਰਾ ਬੀ.ਟੈਕ. ਵਿਦਿਆਰਥੀਆਂ ਲਈ ਸ਼ੁਰੂ ਕੀਤੇ ਗਏ ਦੋਹਰੀ ਡਿਗਰੀ ਪ੍ਰੋਗਰਾਮ ਅਤੇ

ਪੰਜਾਬ ਕੇਂਦਰੀ ਯੂਨੀਵਰਸਿਟੀ ਵਲੋਂ, ਏਮਜ਼ ਬਠਿੰਡਾ ਦੇ ਸਹਿਯੋਗ ਨਾਲ ਸ਼ੁਰੂ ਕੀਤੇ ਗਏ 'ਏ.ਆਈ. ਐਂਡ ਹੈਲਥਕੇਅਰ' ਅਤੇ MRS -PTU ਬਠਿੰਡਾ ਦੇ ਸਹਿਯੋਗ ਨਾਲ 'ਬੌਧਿਕ ਸੰਪਦਾ ਅਧਿਕਾਰ' ਵਿਸ਼ੇ ਤੇ ਸ਼ੁਰੂ ਕੀਤੇ ਗਏ ਦੋਹਰੇ ਡਿਗਰੀ ਤੇ ਡਿਪਲੋਮਾ ਪ੍ਰੋਗਰਾਮਾਂ ਦਾ ਹਵਾਲਾ ਦਿੰਦਿਆਂ ਕਿਹਾ ਕਿ ਅਜਿਹੇ ਪ੍ਰੋਗਰਾਮ ਵਿਦਿਆਰਥੀਆਂ ਦੀ ਸਮਰੱਥਾ ਵਧਾਉਣ ਦੇ ਸ਼ਾਨਦਾਰ ਮਾਡਲ ਨੇ , ਜਿਨ੍ਹਾਂ ਨੂੰ ਹੋਰ ਸਿੱਖਿਆ ਸੰਸਥਾਵਾਂ ਨੂੰ ਵੀ ਅਪਣਾਉਣਾ ਚਾਹੀਦਾ ਏ । ਪ੍ਰੋਗਰਾਮ ਦੇ ਸਮਾਪਨ 'ਤੇ ਪੰਜਾਬ ਕੇਂਦਰੀ ਯੂਨੀਵਰਸਿਟੀ ਦੇ ਵਾਈਸ ਚਾਂਸਲਰ ਪ੍ਰੋ. ਰਾਘਵੇਂਦਰ ਪ੍ਰਸਾਦ ਤਿਵਾਰੀ ਨੇ ਪੰਜਾਬ ਦੇ ਸਾਰੇ ਉੱਚ ਸਿੱਖਿਆ ਸੰਸਥਾਵਾਂ ਨੂੰ ਮਾਰਗਦਰਸ਼ਨ ਦੇਣ ਲਈ, ਕੇ. ਸੰਜੇ ਮੂਰਤੀ ਦਾ ਧੰਨਵਾਦ ਕੀਤਾ।